# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 23-11-2024**

- ਪੰਜਾਬ ਵਿਧਾਨ ਸਭਾ ਦੀਆਂ ਚਾਰੇ ਸੀਟਾਂ ਲਈ ਜ਼ਿਮਨੀ ਚੋਣਾਂ ਦੇ ਨਤੀਜੇ ਆਏ - ਤਿੰਨ ਸੀਟਾਂ ਆਮ ਆਦਮੀ ਪਾਰਟੀ ਅਤੇ ਇਕ ਸੀਟ ਕਾਂਗਰਸ ਨੇ ਜਿੱਤੀ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਆਕਾਸ਼ਵਾਣੀ 'ਤੇ 'ਮਨ ਕੀ ਬਾਤ' ਪ੍ਰੋਗਰਾਮ ਵਿਚ ਦੇਸ਼-ਵਿਦੇਸ਼ ਵਿਚ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ ।
- ਪਹਿਲੀ ਪਾਤਸ਼ਾਹੀ ਸ਼੍ਰੀ ਗੁਰੂ ਨਾਨਕ ਦੇਵ ਜੀ ਦਾ 555ਵਾਂ ਪ੍ਰਕਾਸ਼ ਦਿਹਾੜਾ ਮਨਾਉਣ ਲਈ ਪਾਕਿਸਤਾਨ ਗਿਆ ਸਿੱਖ ਸ਼ਰਧਾਲੂਆਂ ਦਾ ਜਥਾ ਅਟਾਰੀ ਵਾਹਗਾ ਸਰਹੱਦ ਰਾਹੀਂ ਵਤਨ ਪਰਤਿਆ ।

- ਐਨ.ਸੀ.ਸੀ ਦੇ 76ਵੇਂ ਸਥਾਪਨਾ ਦਿਵਸ ਮੌਕੇ 2 ਪੰਜਾਬ ਐਨ.ਸੀ.ਸੀ ਬਟਾਲੀਅਨ ਵਲੋਂ ਜਲੰਧਰ ਵਿਖੇ ਸਾਈਕਲਾਥੋਂਨ ਰੈਲੀ ਦਾ ਆਯੋਜਨ।

---------------------------------------------------

---ਪੰਜਾਬ 'ਚ ਚਾਰ ਵਿਧਾਨ ਸਭਾ ਹਲਕਿਆਂ 'ਚ ਹੋਈਆਂ ਜ਼ਿਮਨੀ ਚੋਣਾਂ ਦੇ ਅੱਜ ਨੂੰ ਐਲਾਨੇ ਗਏ ਨਤੀਜਿਆਂ 'ਚ ਸੱਤਾਧਾਰੀ ਆਮ ਆਦਮੀ ਪਾਰਟੀ ਨੇ ਤਿੰਨ ਸੀਟਾਂ 'ਤੇ ਜਦਕਿ ਕਾਂਗਰਸ ਨੇ ਇੱਕ ਸੀਟ ਜਿੱਤੀ ਐ। ਰਾਜ ਚੋਣ ਕਮਿਸ਼ਨ ਵੱਲੋਂ ਜਾਰੀ ਨਤੀਜਿਆਂ ਅਨੁਸਾਰ ਹੁਸ਼ਿਆਰਪੁਰ ਜ਼ਿਲ੍ਹੇ ਦੀ ਚੱਬੇਵਾਲ ਵਿਧਾਨ ਸਭਾ ਸੀਟ ਤੋਂ ਆਮ ਆਦਮੀ ਪਾਰਟੀ ਦੇ ਡਾ. ਇਸ਼ਾਂਕ ਕੁਮਾਰ ਨੇ ਕਾਂਗਰਸੀ ਉਮੀਦਵਾਰ ਰਣਜੀਤ ਕੁਮਾਰ ਨੂੰ 28 ਹਜ਼ਾਰ 690 ਵੋਟਾਂ ਦੇ ਫਰਕ ਨਾਲ ਹਰਾਇਆ ਐ। ਬਰਨਾਲਾ ਵਿਧਾਨ ਸਭਾ ਹਲਕੇ ਵਿੱਚ ਕਾਂਗਰਸ ਦੇ ਉਮੀਦਵਾਰ ਕੁਲਦੀਪ ਸਿੰਘ ਢਿੱਲੋਂ ਨੇ ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਿੰਦਰ ਸਿੰਘ ਧਾਲੀਵਾਲ ਨੂੰ 2 ਹਜ਼ਾਰ 157 ਵੋਟਾਂ

ਨਾਲ ਹਰਾਇਆ ਐ। ਸੂਬੇ ਦੀ ਸਭ ਤੋਂ ਮਸ਼ਹੂਰ ਸੀਟ ਗਿੱਦੜਬਾਹਾ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਕਾਂਗਰਸ ਦੀ ਉਮੀਦਵਾਰ ਅੰਮ੍ਰਿਤਾ ਵੜਿੰਗ ਨੂੰ 21 ਹਜ਼ਾਰ 801 ਵੋਟਾਂ ਨਾਲ ਹਰਾਇਆ ਦਿੱਤਾ । ਭਾਜਪਾ ਉਮੀਦਵਾਰ ਮਨਪ੍ਰੀਤ ਸਿੰਘ ਬਾਦਲ ਨੂੰ ਇੱਥੇ ਸਿਰਫ਼ 12 ਹਜ਼ਾਰ 174 ਵੋਟਾਂ ਮਿਲੀਆਂ ਨੇ । ਸਰਹੱਦੀ ਸੀਟ ਡੇਰਾਬਾਬਾ ਨਾਨਕ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਗੁਰਦੀਪ ਸਿੰਘ ਰੰਧਾਵਾ ਨੇ ਕਾਂਗਰਸ ਦੀ ਉਮੀਦਵਾਰ ਜਤਿੰਦਰ ਕੌਰ ਰੰਧਾਵਾ ਨੂੰ 5 ਹਜ਼ਾਰ 699 ਵੋਟਾਂ ਨਾਲ ਹਰਾਇਆ ਐ। ਪੰਜਾਬ ਵਿੱਚ 117 ਸੀਟਾਂ ਵਾਲੀ ਰਾਜ ਵਿਧਾਨ ਸਭਾ ਵਿੱਚ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਦੀ ਗਿਣਤੀ ਹੁਣ 95 ਹੋ ਗਈ ਐ । ਸਦਨ ਵਿੱਚ ਕਾਂਗਰਸ ਦੇ ਵਿਧਾਇਕਾਂ ਦੀ ਗਿਣਤੀ 16, ਭਾਰਤੀ ਜਨਤਾ ਪਾਰਟੀ ਦੇ ਦੋ, ਸ਼੍ਰੋਮਣੀ ਅਕਾਲੀ ਦਲ ਦੇ ਦੋ ਅਤੇ ਬਹੁਜਨ ਸਮਾਜ ਪਾਰਟੀ ਦੇ ਇੱਕ ਅਤੇ ਇੱਕ ਆਜ਼ਾਦ ਵਿਧਾਇਕ ਨੇ ।

-----------------------------------------------------

---ਪੰਜਾਬ ਵਿੱਚ ਪੰਜ ਨਗਰ ਨਿਗਮਾਂ ਤੇ 42 ਨਗਰ ਕੌਂਸਲ ਦੀਆਂ ਚੋਣਾਂ ਦਸੰਬਰ ਦੇ ਅੰਤ 'ਚ ਕਰਵਾਈਆਂ ਜਾਣਗੀਆਂ । ਸਥਾਨਕ ਸਰਕਾਰਾਂ ਵਿਭਾਗ ਨੇ ਇਸ ਸਬੰਧੀ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਏ ਤੇ ਸੂਬਾਈ ਚੋਣ ਕਮਿਸ਼ਨ ਨੂੰ ਵੀ ਲਿਖ ਦਿੱਤਾ ਗਿਆ ਏ। ਵਿਭਾਗ ਦੇ ਐਡੀਸ਼ਨਲ ਮੁੱਖ ਸਕੱਤਰ ਤੇਜਵੀਰ ਸਿੰਘ ਨੇ ਇਸ ਦੀ ਪੁਸ਼ਟੀ ਕੀਤੀ ਐ । ਚੋਣਾਂ ਦਾ ਵਿਸਥਾਰਤ ਪ੍ਰੋਗਰਾਮ ਚੋਣ ਕਮਿਸ਼ਨ ਵੱਲੋਂ ਜਾਰੀ ਕੀਤਾ ਜਾਵੇਗਾ।

-----------------------------------------------------

---ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਆਕਾਸ਼ਵਾਣੀ 'ਤੇ 'ਮਨ ਕੀ ਬਾਤ' ਪ੍ਰੋਗਰਾਮ ਵਿਚ ਦੇਸ਼-ਵਿਦੇਸ਼ ਵਿਚ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ । ਹਰ ਮਹੀਨੇ ਪ੍ਰਸਾਰਤ ਹੋਣ ਵਾਲੇ ਇਸ ਰੇਡੀਓ ਪ੍ਰੋਗਰਾਮ ਦੀ ਇਹ 116ਵੀਂ ਲੜੀ ਹੋਵੇਗੀ। ਪ੍ਰੋਗਰਾਮ ਦਾ ਪ੍ਰਸਾਰਣ ਆਕਾਸ਼ਵਾਣੀ ਤੇ ਦੂਰਦਰਸ਼ਨ ਦੇ ਸਮੁਚੇ ਨੈੱਟਵਰਕ, AIR ਨਿਊਜ਼

ਵੈੱਬਸਾਈਟ ਅਤੇ News on AIR ਮੋਬਾਈਲ ਐਪ 'ਤੇ ਕੀਤਾ ਜਾਵੇਗਾ । ਇਸ ਨੂੰ AIR News, DD News, ਪ੍ਰਧਾਨ ਮੰਤਰੀ ਦੇ ਦਫਤਰ ਅਤੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੇ ਯੂਟਿਊਬ ਚੈਨਲਾਂ 'ਤੇ ਵੀ ਸਿੱਧਾ ਪ੍ਰਸਾਰਤ ਕੀਤਾ ਜਾਵੇਗਾ । ਆਕਾਸ਼ਵਾਣੀ, ਹਿੰਦੀ ਪ੍ਰਸਾਰਣ ਤੋਂ ਤੁਰੰਤ ਬਾਅਦ ਪ੍ਰੋਗਰਾਮ ਨੂੰ ਖੇਤਰੀ ਭਾਸ਼ਾਵਾਂ ਵਿਚ ਪ੍ਰਸਾਰਤ ਕਰੇਗਾ ।

-----------------------------------------------------

---55ਵੇਂ ਕੌਮਾਂਤਰੀ ਭਾਰਤੀ ਫਿਲਮ ਉਤਸਵ ਵਿੱਚ 'ਕ੍ਰਿਏਟਿਵ ਮਾਈਂਡਜ਼ ਆਫ਼ ਟੂਮੋਰੋ-CMOT ਮੁਕਾਬਲਾ ਉਤਸ਼ਾਹ ਨਾਲ ਸਮਾਪਤ ਹੋ ਗਿਆ ਏ । 5 ਟੀਮਾਂ ਵਿੱਚ ਵੰਡੇ 100 ਪ੍ਰਤੀਯੋਗੀਆਂ ਨੂੰ 48 ਘੰਟਿਆਂ ਵਿੱਚ ਇੱਕ ਛੋਟੀ ਫਿਲਮ ਬਣਾਉਣ ਦਾ ਕੰਮ ਸੌਂਪਿਆ ਗਿਆ ਸੀ । ਇਸ ਸਾਲ ਦੇ CMOT ਮੁਕਾਬਲੇ ਦਾ ਵਿਸ਼ਾ '' ਤਕਨਾਲੋਜੀ ਯੁਗ ਵਿਚ ਸੰਬੰਧ ਰੱਖਿਆ ਗਿਆ ਸੀ।

--------------------------------------------------

---ਅਮਰੀਕਾ ਤੋਂ ਪੰਜਾਬ ਫੇਰੀ ਉਤੇ ਆਏ ਭਾਰਤ ਦੇ ਮਹਾਨ ਅਥਲੀਟ ਓਲੰਪੀਅਨ ਮਹਿੰਦਰ ਸਿੰਘ ਗਿੱਲ ਦਾ ਮੁਹਾਲੀ ਪੁੱਜਣ ਉੱਤੇ ਪੰਜਾਬ ਓਲੰਪਿਕ ਐਸੋਸੀਏਸ਼ਨ ਵੱਲੋਂ 'ਹਾਲ ਆਫ਼ ਫੇਮ' ਨਾਲ ਵਿਸ਼ੇਸ਼ ਸਨਮਾਨ ਕੀਤਾ ਗਿਆ। ਪੰਜਾਬ ਓਲੰਪਿਕ ਐਸੋਸੀਏਸ਼ਨ ਦੇ ਸਕੱਤਰ ਜਨਰਲ ਰਾਜਾ ਕੇ ਐਸ ਸਿੱਧੂ ਨੇ ਓਲੰਪੀਅਨ ਗਿੱਲ ਦਾ ਸਨਮਾਨ ਕੀਤਾ ਅਤੇ ਪੰਜਾਬ ਓਲੰਪਿਕ ਭਵਨ ਵਿੱਚ ਸੂਬੇ ਦਾ ਨਾਮ ਰੌਸ਼ਨ ਕਰਨ ਵਾਲੇ ਖਿਡਾਰੀਆਂ ਦੀਆਂ ਪ੍ਰਾਪਤੀਆਂ ਨੂੰ ਦਰਸਾਉਂਦਾ 'ਹਾਲ ਆਫ਼ ਫੇਮ' ਦਿਖਾਇਆ ਜਿਸ ਵਿੱਚ ਮਹਿੰਦਰ ਸਿੰਘ ਗਿੱਲ ਦੀ ਤਸਵੀਰ ਸੁਸ਼ੋਭਿਤ ਐ । ਇਸ ਮੌਕੇ ਐਸੋਸੀਏਸ਼ਨ ਦੇ ਮੀਡੀਆ ਸਲਾਹਕਾਰ ਨਵਦੀਪ ਸਿੰਘ ਗਿੱਲ ਦਾ ਵੀ ਸਨਮਾਨ ਕੀਤਾ ਗਿਆ ਜੋ ਓਲੰਪੀਅਨ ਗਿੱਲ ਦੀ ਜੀਵਨੀ ਲਿਖ ਰਹੇ ਨੇ। ਜਲੰਧਰ ਦੇ ਰਹਿਣ ਵਾਲੇ ਮਹਿੰਦਰ ਸਿੰਘ ਗਿੱਲ 50 ਵਰ੍ਹਿਆਂ ਤੋਂ ਅਮਰੀਕਾ ਦੇ ਪੱਕੇ ਵਸਨੀਕ ਨੇ। ਉਹ ਭਾਰਤ ਦੇ ਮਹਾਨ ਅਥਲੀਟਾਂ ਵਿੱਚੋਂ ਇੱਕ ਹਨ ਜਿਨ੍ਹਾਂ ਤੀਹਰੀ ਛਾਲ ਵਿੱਚ 1970 ਵਿੱਚ ਬੈਂਕਾਕ ਏਸ਼ੀਅਨ ਗੇਮਜ਼

ਵਿੱਚ ਸੋਨੇ ਤੇ 1974 ਤਹਿਰਾਨ ਏਸ਼ੀਅਨ ਗੇਮਜ਼ ਵਿੱਚ ਚਾਂਦੀ ਦਾ ਤਮਗ਼ਾ ਜਿੱਤਿਆ ਏ।

-----------------------------------------------------------

---ਸ਼੍ਰੀ ਗੁਰੂ ਨਾਨਕ ਦੇਵ ਜੀ ਦਾ 555ਵਾਂ ਪ੍ਰਕਾਸ਼ ਦਿਹਾੜਾ ਮਨਾਉਣ ਲਈ ਪਾਕਿਸਤਾਨ ਗਿਆ ਸਿੱਖ ਸ਼ਰਧਾਲੂਆਂ ਦਾ ਜਥਾ ਅੱਜ ਅਟਾਰੀ ਵਾਹਗਾ ਸਰਹੱਦ ਰਾਹੀਂ ਵਾਪਸ ਪਰਤ ਆਇਆ ਏ। ਗੱਲਬਾਤ ਕਰਦਿਆਂ ਸ਼ਰਧਾਲੂਆਂ ਨੇ ਖੁਸ਼ੀ ਜ਼ਾਹਰ ਕਰਦੇ ਹੋਏ ਕਿਹਾ ਕਿ ਉਹ ਵਿਛੜੇ ਗੁਰਧਾਮਾਂ ਦੇ ਦਰਸ਼ਨ ਕਰ ਕੇ ਆਏ ਨੇ। 14 ਨਵੰਬਰ ਨੂੰ ਸ਼੍ਰੋਮਣੀ ਕਮੇਟੀ ਦੀ ਅਗਵਾਈ ਹੇਠ 763 ਸ਼ਰਧਾਲੂ ਅਟਾਰੀ ਵਾਘਾ ਸਰਹੱਦ ਦੇ ਸੜਕੀ ਰਸਤੇ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੂਰਬ ਮਨਾਉਣ ਲਈ ਪਾਕਿਸਤਾਨ ਰਵਾਨਾ ਹੋਏ ਸਨ। ਸ਼ਰਧਾਲੂਆਂ ਨੇ ਭਾਰਤ ਤੇ ਪਾਕਿਸਤਾਨ ਦੋਵਾਂ ਦੇਸ਼ਾਂ ਦੀਆਂ ਸਰਕਾਰਾਂ ਨੂੰ ਅਪੀਲ ਕੀਤੀ ਗੁਰੂ ਧਾਮਾਂ ਦੇ ਦਰਸ਼ਨਾਂ ਨੂੰ ਜਾਣ ਵਾਲੇ ਸ਼ਰਧਾਲੂਆਂ ਦੇ ਵੱਧ ਤੋਂ ਵੱਧ ਵੀਜ਼ੇ ਲਗਾਏ ਜਾਣ। ਉਥੇ ਹੀ ਤਖਤ ਸ੍ਰੀ ਦਮਦਮਾ ਸਾਹਿਬ ਤੋਂ

ਅੰਮ੍ਰਿਤ ਸੰਚਾਰ ਲਈ ਪੰਜ ਪਿਆਰਿਆਂ ਦਾ ਜੋ ਇੱਕ ਵਫਦ ਗਿਆ ਸੀ , ਵੱਲੋਂ 100 ਤੋਂ ਵੱਧ ਸ਼ਰਧਾਲੂਆਂ ਨੂੰ ਉੱਥੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ।

---------------------------------------------------

---ਐਨ.ਸੀ.ਸੀ ਦੇ 76ਵੇਂ ਸਥਾਪਨਾ ਦਿਵਸ ਮੌਕੇ 2 ਪੰਜਾਬ ਐਨ.ਸੀ.ਸੀ ਬਟਾਲੀਅਨ ਦੇ ਕਮਾਂਡਿੰਗ ਅਫਸਰ ਕਰਨਲ ਵਿਨੋਦ ਜੋਸ਼ੀ ਦੇ ਦਿਸ਼ਾ ਨਿਰਦੇਸ਼ ਹੇਠ ਕੈਡੇਟਸ ਲਈ 15 ਕਿਲੋਮੀਟਰ ਦੀ ਸਾਈਕਲਾਥੌਨ ਰੈਲੀ ਦਾ ਆਯੋਜਨ ਕੀਤਾ ਗਿਆ । ਇਸ ਰੈਲੀ ਵਿੱਚ ਭਾਗ ਲੈਣ ਲਈ ਆਈ.ਟੀ.ਆਈ ਮੇਹਰਚੰਦ ਜਲੰਧਰ ਦੇ ਸਾਰੇ ਕੈਡਟਸ ਸਵੇਰੇ 7 ਵਜੇ ਡੇਵੀਏਟ ਕਾਲਜ ਦੇ ਗ੍ਰਾਊਂਡ ਵਿੱਚ ਇਕੱਠੇ ਹੋਏ, ਜਿੱਥੇ ਐਨਸੀਸੀ ਦਾ 10 ਦਿਨਾਂ ਦਾ ਸੀਏਟੀਸੀ 41 ਕੈਂਪ ਚੱਲ ਰਿਹਾ ਏ । ਕਰਨਲ ਵਿਨੋਦ ਜੋਸ਼ੀ ਨੇ 40 ਐਨਸੀਸੀ ਕੈਡੇਟਸ ਦੀ ਇਸ ਸਾਈਕਲਾਥੌਨ ਰੈਲੀ ਨੂੰ ਡੀਏਵੀ ਇੰਸਟੀਚਿਊਟ ਆਫ ਇੰਜੀਨੀਅਰਿੰਗ ਅਤੇ ਟੈਕਨੋਲੋਜੀ ਤੋਂ ਹਰੀ ਝੰਡੀ ਦੇ ਕੇ ਰਵਾਨਾ

ਕੀਤਾ। ਲੈਫਟੀਨੈਂਟ ਕੁਲਦੀਪ ਸ਼ਰਮਾ ਦੀ ਅਗਵਾਈ ਵਿੱਚ ਚੱਲ ਰਹੀ ਇਸ ਰੈਲੀ ਦਾ ਥੀਮ ਸੀ 'ਵਾਤਾਵਰਣ ਸੰਭਾਲ ਪ੍ਰਤੀ ਨਾਗਰਿਕਾਂ ਦੀ ਜਾਗਰੂਕਤਾ।' ਇਹ ਰੈਲੀ ਡੇਵੀਏਟ ਕਾਲਜ ਤੋਂ ਸ਼ੁਰੂ ਹੋ ਕੇ ਐਚਐਮਵੀ ਚੌਂਕ, ਪਟੇਲ ਚੌਂਕ, ਜੋਤੀ ਚੌਂਕ, ਪੀਐਨਬੀ ਚੌਂਕ, ਸਕਾਈਲਾਰਕ ਚੌਂਕ, ਗੁਰੂ ਨਾਨਕ ਮਿਸ਼ਨ ਚੌਂਕ, ਅਤੇ ਫੁੱਟਬਾਲ ਚੌਂਕ ਤੋਂ ਹੁੰਦੀ ਹੋਈ ਕਪੂਰਥਲਾ ਚੌਂਕ ਤੱਕ ਪਹੁੰਚੀ । ਇੱਥੇ ਸਾਰੇ ਕੈਡਟੇਸ ਨੇ ਸ਼ਹੀਦ ਮੇਜਰ ਰਮਨ ਦਾਦਾ ਦੇ ਬੁੱਤ 'ਤੇ ਫੁੱਲ ਅਰਪਣ ਕਰਦੇ ਹੋਏ ਸ਼ਰਧਾਂਜਲੀ ਦਿੱਤੀ। ਇਸ ਤੋਂ ਬਾਅਦ ਰੈਲੀ ਗੁਲਾਬ ਦੇਵੀ ਰੋਡ ਤੋਂ ਹੁੰਦੀ ਬਲਟਨ ਪਾਰਕ ਦੇ ਆਪਣੇ ਸਮਾਪਨ ਸਥਾਨ 'ਤੇ ਪਹੁੰਚੀ।

---------------------------------------------------

---ਪਹਿਲੀ ਦਸੰਬਰ ਨੂੰ ਬੀ.ਐਸ.ਐਫ ਦੇ 60ਵੇਂ ਸਥਾਪਨਾ ਦਿਵਸ ਦੇ ਜਸ਼ਨਾਂ ਦੀ ਦੌੜ ਦੇ ਹਿੱਸੇ ਵਜੋਂ ਬੀ.ਐਸ.ਐਫ ਪੰਜਾਬ ਫਰੰਟੀਅਰ ਨੇ ਅੱਜ ਬੀਐਸਐਫ ਜੁਆਇੰਟ ਚੈਕ ਪੋਸਟ ਸਾਦਕੀ ਬਾਰਡਰ

ਫਾਜ਼ਿਲਕਾ ਤੋਂ ਅਟਾਰੀ ਤੱਕ ਇੱਕ ਸਾਈਕਲ ਰੈਲੀ ਨੂੰ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਭਾਰਤ-ਪਾਕਿਸਤਾਨ ਸਰਹੱਦ ਦੇ ਨਾਲ-ਨਾਲ ਇਸ 491 ਕਿਲੋਮੀਟਰ ਦੀ ਰੈਲੀ ਦਾ ਉਦੇਸ਼ ਨਸ਼ਿਆਂ ਦੀ ਦੁਰਵਰਤੋਂ ਦੇ ਖ਼ਤਰਿਆਂ ਬਾਰੇ ਜਾਗਰੂਕਤਾ ਪੈਦਾ ਕਰਨਾ, ਨੌਜਵਾਨਾਂ ਵਿੱਚ ਇੱਕ ਸਿਹਤਮੰਦ ਜੀਵਨ ਸ਼ੈਲੀ ਨੂੰ ਉਤਸ਼ਾਹਿਤ ਕਰਨਾ ਅਤੇ ਉਨ੍ਹਾਂ ਨੂੰ ਸੀਮਾ ਸੁਰੱਖਿਆ ਬਲ ਵਿੱਚ ਸ਼ਾਮਲ ਹੋਣ ਲਈ ਪ੍ਰੇਰਿਤ ਕਰਨਾ ਏ। ਸਾਈਕਲ ਰੈਲੀ ਨੂੰ ਬੀ.ਐੱਸ.ਐੱਫ. ਸੈਕਟਰ ਅਬੋਹਰ ਦੇ ਡੀ.ਆਈ.ਜੀ. ਵਿਜੇ ਕੁਮਾਰ ਤੇ ਕਮਾਂਡੈਂਟ , ਸ਼ੈਲੇਂਦਰ ਮਿਸ਼ਰਾ ਦੀ ਮੌਜੂਦਗੀ ਰਵਾਨਾ ਕੀਤਾ ਗਿਆ । ਇਸ ਮੌਕੇ ਕਮਾਂਡੈਂਟ ਰਾਮਚੰਦ ਤੇ 55 ਬਟਾਲੀਅਨ ਦੇ ਕਮਾਂਡੈਂਟ ਕੇ.ਐਨ. ਤ੍ਰਿਪਾਠੀ ਵੀ ਮੌਜੂਦ ਰਹੇ। ਇਹ ਰੈਲੀ 30 ਨਵੰਬਰ ਨੂੰ ਅਟਾਰੀ ਵਿਖੇ ਸਮਾਪਤ ਹੋਣ ਤੋਂ ਪਹਿਲਾਂ ਹੁਸੈਨੀਵਾਲਾ ਅਤੇ ਕਰਤਾਰਪੁਰ ਸਾਹਿਬ ਲਾਂਘੇ ਵਰਗੇ ਮਹੱਤਵਪੂਰਨ ਸਥਾਨਾਂ ਤੋਂ ਲੰਘਦੀ ਹੋਈ ਕੌਮਾਂਤਰੀ ਸਰਹੱਦ ਦੇ ਨਾਲ 491 ਕਿਲੋਮੀਟਰ ਦਾ ਰਸਤਾ ਤੈਅ ਕਰੇਗੀ।

------------------------------------------------------

---ਭਾਰਤ ਸਰਕਾਰ ਦੇ ਪੀ.ਐੱਮ ਵਿਸ਼ਵਕਰਮਾ ਯੋਜਨਾ ਤਹਿਤ ਜ਼ਿਲ੍ਹਾ ਫਰੀਦਕੋਟ ਵਿੱਚ ਗਠਿਤ ਜ਼ਿਲ੍ਹਾ ਇੰਪਲੀਮੈਂਟੇਸ਼ਨ ਕਮੇਟੀ ਦੀ ਪੰਜਵੀਂ ਮੀਟਿੰਗ ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਦੀ ਪ੍ਰਧਾਨਗੀ ਹੇਠ ਹੋਈ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਸਮੂਹ ਕਾਰੀਗਰਾਂ ਨੂੰ ਪੀ.ਐੱਮ ਵਿਸ਼ਵਕਰਮਾ ਸਕੀਮ ਦਾ ਵੱਧ ਤੋਂ ਵੱਧ ਲਾਭ ਲੈਣ ਲਈ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਇਸ ਸਕੀਮ ਤਹਿਤ 18 ਕਿੱਤੇ ਸ਼ਾਮਲ ਕੀਤੇ ਗਏ ਨੇ। ਇਸ ਸਕੀਮ ਦਾ ਲਾਭ ਲੈਣ ਲਈ ਕਾਰੀਗਰ ਆਪਣੇ ਪਿੰਡਾ ਵਿਚ ਸਥਿਤ ਸੀ.ਐੱਸ.ਸੀ ਸੈਂਟਰਾਂ 'ਤੇ ਬਿਨਾਂ ਕਿਸੇ ਕੀਮਤ ਤੋਂ ਆਨਲਾਈਨ ਰਜਿਸਟਰੇਸ਼ਨ ਕਰਵਾ ਸਕਦੇ ਨੇ।

------------------------------------------------------

---ਪੰਜਾਬ ਰੈਜੀਮੈਂਟਲ ਸੈਂਟਰ ਰੈਗੂਲਰ ਐਂਡ ਟੈਰੀਟੋਰੀਅਲ ਆਰਮੀ ਲਈ ਪੰਜਾਬ ਰੈਜੀਮੈਂਟ ਦੇ ਸਾਬਕਾ ਸੈਨਿਕਾਂ ਨੂੰ ਡਿਫੈਂਸ ਸਰਵਿਸ ਕੋਰ ਵਿੱਚ ਸਿਪਾਹੀ (ਜਨਰਲ ਡਿਊਟੀ) ਅਤੇ ਸਿਪਾਹੀ

(ਕਲਰਕ ਸਟਾਫ ਡਿਊਟੀ) ਵਜੋਂ ਦੁਬਾਰਾ ਭਰਤੀ ਕਰਨ ਲਈ ਝਾਰਖੰਡ ਦੇ ਰਾਮਗੜ੍ਹ ਕੈਂਟ ਵਿਖੇ 5 ਨੂੰ ਦਸੰਬਰ ਨੂੰ ਇੱਕ ਰੈਲੀ ਕੀਤੀ ਜਾ ਰਹੀ ਏ। ਡਿਫੈਂਸ ਸਰਵਿਸ ਕੋਰ ਵਿੱਚ ਮੁੜ-ਨਾਮਜ਼ਦਗੀ ਲਈ ਪੇਸ਼ ਹੋਣ ਵਾਲੇ ਉਮੀਦਵਾਰ ਦਾ ਮੈਡੀਕਲ ਸ਼੍ਰੇਣੀ ਵਿੱਚ ਸ਼ੇਪ-1 ਹੋਣਾ ਚਾਹੀਦਾ ਐ ਅਤੇ ਉਹਨਾਂ ਦਾ ਚਰਿੱਤਰ ਬਹੁਤ ਵਧੀਆ ਤੇ ਮਿਸਾਲਦਾਰ ਹੋਣਾ ਚਾਹੀਦਾ ਏ। ਉਮੀਦਵਾਰ ਦੀ ਉਮਰ ਜਨਰਲ ਡਿਊਟੀ ਲਈ 46 ਸਾਲ ਅਤੇ ਕਲਰਕ ਲਈ 48 ਸਾਲ ਤੋਂ ਘੱਟ ਹੋਣੀ ਚਾਹੀਦੀ । ਉਮੀਦਵਾਰ ਲਈ ਵਿਦਿਅਕ ਯੋਗਤਾ 10ਵੀਂ ਹੈ ਜਾਂ ਮੁੜ-ਨਾਮਜ਼ਦਗੀ ਲਈ ਗੈਰ-ਮੈਟ੍ਰਿਕ ਕਰਮਚਾਰੀਆਂ ਲਈ ਲੋੜੀਂਦੀ ਘੱਟੋ-ਘੱਟ ਸਿੱਖਿਆ ਯੋਗਤਾ Edn (ACE-III) ਦਾ ਆਰਮੀ ਤੀਜਾ ਦਰਜਾ ਸਰਟੀਫਿਕੇਟ ਐ । ਉਮੀਦਵਾਰ ਦੇ ਪਿਛਲੇ ਤਿੰਨ ਸਾਲਾਂ ਦੀ ਸੇਵਾ ਦੌਰਾਨ ਕੋਈ ਲਾਲ ਸਿਆਹੀ ਐਂਟਰੀ ਨਹੀਂ ਹੋਣੀ ਚਾਹੀਦੀ ਅਤੇ ਉਸ ਦੀ ਪੂਰੀ ਸੇਵਾ ਦੌਰਾਨ ਦੋ ਤੋਂ ਵੱਧ ਲਾਲ ਸਿਆਹੀ ਐਂਟਰੀ ਨਹੀਂ ਹੋਣੀ ਚਾਹੀਦੀ। ਰੈਲੀ ਦੌਰਾਨ ਉਮੀਦਵਾਰ ਨੂੰ ਆਪਣਾ ਸਰੀਰਕ ਮੁਹਾਰਤ ਟੈਸਟ (PPT) ਪਾਸ ਕਰਨਾ ਹੋਵੇਗਾ।

-------------------------------------------------

---ਬੀਐਸਐਫ ਨੇ ਫਾਜ਼ਿਲਕਾ ਜ਼ਿਲ੍ਹੇ ਦੇ ਪਿੰਡ ਟਾਹਲੀਵਾਲਾ ਦੇ ਸਰਹੱਦੀ ਖੇਤਰ ਵਿੱਚ ਇੱਕ ਪਾਕਿਸਤਾਨੀ ਨਾਗਰਿਕ ਨੂੰ ਕਾਬੂ ਕੀਤਾ ਐ । ਬੀਐਸਐਫ ਦੇ ਸੂਤਰਾਂ ਨੇ ਦੱਸਿਆ ਕਿ ਉਕਤ ਵਿਅਕਤੀ ਬੀਤੀ ਸ਼ਾਮ ਮੋਟਰਸਾਈਕਲ 'ਤੇ ਕੌਮਾਂਤਰੀ ਸਰਹੱਦ ਪਾਰ ਕਰ ਕੇ ਭਾਰਤੀ ਖੇਤਰ ਵਿਚ ਆ ਗਿਆ ਸੀ । ਪੁੱਛਗਿੱਛ ਦੌਰਾਨ ਉਸ ਨੇ ਖੁਲਾਸਾ ਕੀਤਾ ਕਿ ਉਹ ਪਾਕਿਸਤਾਨ ਦੇ ਜ਼ਿਲ੍ਹਾ ਨਨਕਾਣਾ ਸਾਹਿਬ ਦਾ ਰਹਿਣ ਵਾਲਾ ਤੇ ਘਰੇਲੂ ਪਰੇਸ਼ਾਨੀ ਕਾਰਨ ਭਾਵੁਕ ਹੋ ਕੇ ਉਸ ਨੇ ਇਹ ਕਦਮ ਚੁੱਕਿਆ ਏ । ਹਾਲਾਂਕਿ, ਪਾਕਿਸਤਾਨੀ ਰੇਂਜਰਾਂ ਦੀ ਬੇਨਤੀ 'ਤੇ ਬੀਐਸਐਫ ਅਤੇ ਪਾਕਿਸਤਾਨ ਰੇਂਜਰਾਂ ਵਿਚਕਾਰ ਇੱਕ ਫਲੈਗ ਮੀਟਿੰਗ ਕੀਤੀ ਗਈ ਜਿਸ ਵਿੱਚ ਪਾਕਿਸਤਾਨੀ ਨਾਗਰਿਕ ਦੀ ਗੈਰ-ਜ਼ਰੂਰੀ ਆਵਾਜਾਈ ਨੂੰ ਰੋਕਣ ਵਿੱਚ ਅਸਫਲ ਰਹਿਣ 'ਤੇ ਚਿੰਤਾ ਜ਼ਾਹਰ ਕੀਤੀ ਗਈ । ਬਾਅਦ 'ਚ ਉਕਤ ਨਾਗਰਿਕ ਨੂੰ ਇਨਸਾਨੀਅਤ ਦੇ ਨਾਤੇ ਪਾਕਿਸਤਾਨ ਰੇਂਜਰਸ ਨੂੰ ਸੌਂਪ ਦਿੱਤਾ ਗਿਆ ।

---------------------------------------------------

---ਪੰਜਾਬ ਦੇ ਲੋਕ ਨਿਰਮਾਣ ਤੇ ਬਿਜਲੀ ਮੰਤਰੀ ਪੰਜਾਬ ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਜੰਡਿਆਲਾ ਹਲਕੇ ਵਿੱਚ ਇਹ ਪਹਿਲੀ ਵਾਰ ਹੋਇਆ ਐ ਕਿ ਨਗਰ ਕੌਂਸਲ ਵੱਲੋਂ ਦੋ ਏਕੜ ਜਮੀਨ ਦੀ ਖਰੀਦ ਕੀਤੀ ਗਈ ਐ ਜਿਸ ’ਤੇ 25 ਕਰੋੜ ਰੁਪਏ ਲਾਗਤ ਨਾਲ ਅਗਲੇ ਹਫ਼ਤੇ ਨਵਾਂ ਐਸ.ਟੀ.ਪੀ. ਪਲਾਂਟ ਲਗਾਇਆ ਜਾਵੇਗਾ । ਉਨਾਂ ਦੱਸਿਆ ਕਿ ਇਸ ਕੰਮ ਲਈ ਟੈਂਡਰ ਪ੍ਰਕਿਰਿਆ ਮੁਕੰਮਲ ਹੋ ਚੁੱਕੀ ਐ ਅਤੇ 18 ਮਹੀਨਿਆਂ ਦੇ ਅੰਦਰ ਅੰਦਰ ਇਸ ਪਲਾਂਟ ਨੂੰ ਚਾਲੂ ਕਰ ਦਿੱਤਾ ਜਾਵੇਗਾ।

---------------------------------------------------

---

**ਆਖਿਰ 'ਚ ਖਾਸ ਖਬਰਾਂ ਇਕ ਵਾਰ ਫਿਰ ਤੋਂ**

- ਪੰਜਾਬ ਵਿਧਾਨ ਸਭਾ ਦੀਆਂ ਚਾਰੇ ਸੀਟਾਂ ਲਈ ਜ਼ਿਮਨੀ ਚੋਣਾਂ ਦੇ ਨਤੀਜੇ ਆਏ - ਤਿੰਨ ਸੀਟਾਂ ਆਮ ਆਦਮੀ ਪਾਰਟੀ ਅਤੇ ਇਕ ਸੀਟ ਕਾਂਗਰਸ ਨੇ ਜਿੱਤੀ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਆਕਾਸ਼ਵਾਣੀ 'ਤੇ 'ਮਨ ਕੀ ਬਾਤ' ਪ੍ਰੋਗਰਾਮ ਵਿਚ ਦੇਸ਼-ਵਿਦੇਸ਼ ਵਿਚ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ।
- ਪਹਿਲੀ ਪਾਤਸ਼ਾਹੀ ਸ਼੍ਰੀ ਗੁਰੂ ਨਾਨਕ ਦੇਵ ਜੀ ਦਾ 555ਵਾਂ ਪ੍ਰਕਾਸ਼ ਦਿਹਾੜਾ ਮਨਾਉਣ ਲਈ ਪਾਕਿਸਤਾਨ ਗਿਆ ਸਿੱਖ ਸ਼ਰਧਾਲੂਆਂ ਦਾ ਜਥਾ ਅਟਾਰੀ ਵਾਹਗਾ ਸਰਹੱਦ ਰਾਹੀਂ ਵਤਨ ਪਰਤਿਆ ।
- ਐਨ.ਸੀ.ਸੀ ਦੇ 76ਵੇਂ ਸਥਾਪਨਾ ਦਿਵਸ ਮੌਕੇ 2 ਪੰਜਾਬ ਐਨ.ਸੀ.ਸੀ ਬਟਾਲੀਅਨ ਵਲੋਂ ਜਲੰਧਰ ਵਿਖੇ ਸਾਈਕਲਾਥੌਨ ਰੈਲੀ ਦਾ ਆਯੋਜਨ।